# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :19-02-2026**

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਛਤਰਪਤੀ ਸ਼ਿਵਾਜੀ ਮਹਾਰਾਜ ਨੂੰ ਉਨ੍ਹਾਂ ਦੀ ਜਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਰਾਧਾਕ੍ਰਿਸ਼ਨਨ ਨੇ ਛਤਰਪਤੀ ਸ਼ਿਵਾਜੀ ਨੂੰ ਸਵਰਾਜ ਦੇ ਸਿਰਜਣਹਾਰ, ਧਰਮ ਦੇ ਰੱਖਿਅਕ, ਅਤੇ ਲੋਕ-ਕੇਂਦ੍ਰਿਤ ਸ਼ਾਸਨ ਦੇ ਨਿਡਰ ਯੋਧਾ ਦੱਸਿਆ। ਉਪ ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਦਾ ਜੀਵਨ ਅਤੇ ਆਦਰਸ਼ ਪੀੜ੍ਹੀਆਂ ਨੂੰ ਹਿੰਮਤ, ਨਿਆਂ, ਨਿਰਸਵਾਰਥਤਾ ਅਤੇ ਇੱਕ ਆਤਮ -ਨਿਰਭਰ ਅਤੇ ਖੁਸ਼ਹਾਲ ਰਾਸ਼ਟਰ ਬਣਾਉਣ ਲਈ ਪ੍ਰੇਰਿਤ ਕਰਦੇ ਰਹਿਣਗੇ।ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਰਾਸ਼ਟਰ ਦੂਰਦਰਸ਼ੀ ਨੇਤਾ, ਬੇਮਿਸਾਲ ਪ੍ਰਸ਼ਾਸਕ, ਰਣਨੀਤਕ ਚਿੰਤਕ ਅਤੇ ਸਵਰਾਜ ਦੇ ਯੋਧੇ ਨੂੰ ਸਲਾਮ ਕਰਦਾ ਏ। ਸ਼੍ਰੀ ਮੋਦੀ ਨੇ ਕਿਹਾ ਕਿ ਛਤਰਪਤੀ ਸ਼ਿਵਾਜੀ ਦੀ ਹਿੰਮਤ ਸਾਰੇ ਨਾਗਰਿਕਾਂ ਨੂੰ ਪ੍ਰੇਰਿਤ ਕਰਦੀ

ਰਹੇਗੀ ਅਤੇ ਨਿਆਂ ਅਤੇ ਸਵੈ-ਮਾਣ ਦੀ ਉਨ੍ਹਾਂ ਦੀ ਭਾਵਨਾ ਸਮਾਜ ਨੂੰ ਮਜ਼ਬੂਤ ਕਰਦੀ ਰਹੇਗੀ।

---------------------------------------------------------------------------

ਲੋਕਾਂ ਦੇ ਹਿੱਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਸ਼ਹਿਰ ਵਿੱਚ ਬਣੇ ਲੱਧੇਵਾਲੀ ਫਲਾਈਓਵਰ ਦੀ ਉਸਾਰੀ ਅਤੇ ਡਿਜ਼ਾਈਨ ਸਬੰਧੀ ਤੱਥਾਂ ਦੀ ਵਿਸਥਾਰ ਨਾਲ ਪੜਤਾਲ ਕਰਨ ਲਈ ਇੱਕ ਕਮੇਟੀ ਦਾ ਗਠਨ ਕੀਤਾ ਏ । ਫਲਾਈਓਵਰ ਦੀ ਬਣਤਰ ਅਤੇ ਡਿਜ਼ਾਈਨ ਵਿੱਚ ਕੁਝ ਊਣਤਾਈਆਂ ਕਰਕੇ ਆਵਾਜਾਈ ਦੌਰਾਨ ਲੋਕਾਂ ਨੂੰ ਪੇਸ਼ ਆ ਰਹੀ ਅਸੁਵਿਧਾ ਅਤੇ ਪ੍ਰੇਸ਼ਾਨੀ ਦਾ ਮਾਮਲਾ ਧਿਆਨ ਵਿੱਚ ਆਉਣ ਉਪਰੰਤ ਇਹ ਕਾਰਵਾਈ ਕੀਤੀ ਗਈ ਏ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮਾਮਲੇ ਦੀ ਨਿਰਪੱਖ ਅਤੇ ਤਕਨੀਕੀ ਜਾਂਚ ਲਈ ਮੁੱਖ ਮੰਤਰੀ ਖੇਤਰੀ ਅਫ਼ਸਰ, ਜਲੰਧਰ ਦੀ ਪ੍ਰਧਾਨਗੀ ਹੇਠ ਕਮੇਟੀ ਬਣਾਈ ਗਈ ਏ । ਕਮੇਟੀ ਵਿੱਚ ਐਸ.ਈ. ਨਗਰ ਨਿਗਮ, ਜਲੰਧਰ ਅਤੇ ਵਧੀਕ ਐਸ.ਈ. ਪੀ.ਐਸ.ਪੀ.ਸੀ.ਐਲ., ਜਲੰਧਰ ਕੈਂਟ ਨੂੰ ਮੈਂਬਰ ਵਜੋਂ ਸ਼ਾਮਲ ਕੀਤਾ ਗਿਆ ਹੈ, ਤਾਂ ਜੋ ਉਸਾਰੀ ਅਤੇ ਡਿਜ਼ਾਈਨ ਸਬੰਧੀ ਸਾਰੇ ਤਕਨੀਕੀ ਪੱਖਾਂ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਸਕੇ। ਡਿਪਟੀ ਕਮਿਸ਼ਨਰ ਨੇ ਕਮੇਟੀ ਨੂੰ ਸਪਸ਼ਟ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਮੌਕੇ ਦੀ

ਜਾਂਚ ਕਰਕੇ ਫਲਾਈਓਵਰ ਦੀ ਉਸਾਰੀ ਅਤੇ ਡਿਜ਼ਾਈਨ ਸਬੰਧੀ ਸਾਰੇ ਤਕਨੀਕੀ ਅਤੇ ਪ੍ਰਸ਼ਾਸਕੀ ਪੱਖਾਂ ਦੀ ਤਸਦੀਕ ਕੀਤੀ ਜਾਵੇ ਅਤੇ ਜੇਕਰ ਕੋਈ ਲਾਪ੍ਰਵਾਹੀ ਜਾਂ ਮਾਪਦੰਡਾਂ ਦੀ ਉਲੰਘਣਾ ਪਾਈ ਜਾਂਦੀ ਏ ਤਾਂ ਉਸ ਬਾਰੇ ਸਪਸ਼ਟ ਸਿਫਾਰਸ਼ਾਂ ਸਮੇਤ ਰਿਪੋਰਟ 15 ਦਿਨਾਂ ਦੇ ਅੰਦਰ ਪੇਸ਼ ਕਰਨੀ ਯਕੀਨੀ ਬਣਾਈ ਜਾਵੇ।

----------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਨਾ ਸਿਰਫ਼ ਨਵੀਆਂ ਤਕਨਾਲੋਜੀਆਂ ਵਿਕਸਤ ਕਰ ਰਿਹਾ ਏ ਬਲਕਿ ਉਨ੍ਹਾਂ ਨੂੰ ਤੇਜ਼ੀ ਨਾਲ ਅਪਣਾ ਵੀ ਰਿਹਾ ਏ । ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਇੰਡੀਆ ਏ.ਆਈ. ਸੰਮੇਲਨ ਦਾ ਰਸਮੀ ਉਦਘਾਟਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਦੁਨੀਆ ਦਾ ਸਭ ਤੋਂ ਵੱਡਾ ਤਕਨਾਲੋਜੀ ਕੇਂਦਰ ਏ । ਉਨ੍ਹਾਂ ਕਿਹਾ BYTE:RNU190226

----------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਬੀਤੇ ਦਿਨੀ ਸਰਪੰਚ ਹਰਬਰਿੰਦਰ ਸਿੰਘ ਦੇ ਕਤਲ ਦੀ ਜਾਂਚ ਦਾ ਨਿੱਜੀ ਤੌਰ ’ਤੇ ਜਾਇਜ਼ਾ ਲੈਣ ਪਿੱਛੋਂ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਫਿਰੋਜ਼ਪੁਰ ਰੇਂਜ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ, ਸਨੇਹਦੀਪ ਸ਼ਰਮਾ ਅਤੇ ਤਰਨ ਤਾਰਨ ਦੇ ਸੀਨੀਅਰ ਪੁਲਿਸ ਕਪਤਾਨ ਸੁਰੇਂਦਰ ਲਾਂਬਾ ਨੂੰ ਜਾਂਚ

ਦੀ ਨਿੱਜੀ ਤੌਰ ’ਤੇ ਨਿਗਰਾਨੀ ਕਰਨ ਅਤੇ ਛੇਤੀ ਤੋਂ ਛੇਤੀ ਮੁਲਜ਼ਮਾਂ ਨੂੰ ਨਿਆਂ ਦੇ ਘੇਰੇ ਵਿੱਚ ਲਿਆਉਣ ਦੀ ਹਦਾਇਤ ਕੀਤੀ ਏ । ਘਟਨਾ ਦੀ ਜਵਾਬਦੇਹੀ ਤੈਅ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਪੱਟੀ ਦੇ ਡੀ.ਐਸ.ਪੀ. ਜਗਬੀਰ ਸਿੰਘ ਅਤੇ ਸਰਹਾਲੀ ਦੇ ਐਸ.ਐਚ.ਓ ਗੁਰਵਿੰਦਰ ਸਿੰਘ ਨੂੰ ਬਣਦੀ ਇਹਤਿਆਤੀ ਪੁਲਿਸ ਕਾਰਵਾਈ ਨਾ ਕਰਨ ਦੇ ਚਲਦਿਆਂ ਮੁਅੱਤਲ ਕਰ ਦਿੱਤਾ ਏ । ਡੀਜੀਪੀ ਨੇ ਸੂਬੇ ਵਿੱਚ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਦੀ ਵੀ ਪੁਸ਼ਟੀ ਕੀਤੀ ਏ । ਐਸ.ਐਸ.ਪੀ. ਸੁਰੇਂਦਰ ਲਾਂਬਾ ਨੇ ਦੱਸਿਆ ਕਿ ਹੁਣ ਤੱਕ ਕੀਤੀ ਗਈ ਜਾਂਚ ਦੇ ਆਧਾਰ ’ਤੇ ਇਸ ਮਾਮਲੇ ਵਿੱਚ ਧਮਕੀ ਜਾਂ ਜਬਰਨ ਵਸੂਲੀ ਨਾਲ ਸਬੰਧਤ ਕੋਈ ਵੀ ਪਹਿਲੂ ਸਾਹਮਣੇ ਨਹੀਂ ਆਇਆ। ਉਨ੍ਹਾਂ ਕਿਹਾ ਕਿ ਮੁੱਢਲੀ ਪੁੱਛਗਿੱਛ ਤੋਂ ਜਾਪਦਾ ਏ ਕਿ ਨਿੱਜੀ ਦੁਸ਼ਮਣੀ ਜਾਂ ਬਦਲਾਖ਼ੋਰੀ ਵਾਰਦਾਤ ਦਾ ਸੰਭਾਵੀ ਕਾਰਨ ਹੋ ਸਕਦੀ ਏ । ਐਸ.ਐਸ.ਪੀ. ਨੇ ਪੁਸ਼ਟੀ ਕਰਦਿਆਂ ਕਿਹਾ ਕਿ ਮਾਮਲੇ ਦੀ ਵਿਗਿਆਨਕ ਅਤੇ ਤਕਨੀਕੀ ਢੰਗ ਨਾਲ ਜਾਂਚ ਕੀਤੀ ਜਾ ਰਹੀ ਏ । ਉਨ੍ਹਾਂ ਕਿਹਾ ਕਿ ਵੱਖ-ਵੱਖ ਅਧਿਕਾਰੀਆਂ ਦੀ ਨਿਗਰਾਨੀ ਹੇਠ ਸੀਸੀਟੀਵੀ ਜਾਂਚ ਲਈ ਚਾਰ ਵੱਖ-ਵੱਖ ਟੀਮਾਂ ਬਣਾਈਆਂ ਗਈਆਂ ਨੇ ।

---------------------------------------------------------------------------------

ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਬਰਸਾਤ ਦੇ ਮੌਸਮ ਤੋਂ ਪਹਿਲਾਂ ਚੱਲ ਰਹੇ ਸੜਕ ਪ੍ਰੋਜੈਕਟਾਂ ਨੂੰ ਮੁਕੰਮਲ ਕਰਨ ਦੇ ਦਿੱਤੇ ਨਿਰਦੇਸ਼ ਨੇ। ਕੱਲ ਚੰਡੀਗੜ੍ਹ ਵਿਖੇ ਹੋਈ ਉੱਚ-ਪੱਧਰੀ ਮੀਟਿੰਗ ਦੌਰਾਨ ਲੋਕ ਨਿਰਮਾਣ ਵਿਭਾਗ ਦੇ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਕੰਮ ਵਿੱਚ ਤੇਜ਼ੀ ਲਿਆਉਣ ਲਈ ਹਫਤਾਵਾਰੀ ਟੀਚੇ ਮਿੱਥਣ ਅਤੇ ਉਨ੍ਹਾਂ ਨੂੰ ਜਲਦ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਮੰਤਰੀ ਨੇ ਇਨ੍ਹਾਂ ਹਫਤਾਵਾਰੀ ਟੀਚਿਆਂ ਦੀ ਰੋਜ਼ਾਨਾ ਸਬੰਧਤ ਮੁੱਖ ਇੰਜੀਨੀਅਰਾਂ ਵੱਲੋਂ ਨਿਗਰਾਨੀ ਕਰਨ ਅਤੇ ਜਵਾਬਦੇਹੀ ਤੇ ਕੁਸ਼ਲਤਾ ਨੂੰ ਯਕੀਨੀ ਬਣਾਉਣ ਲਈ ਸਮੇਂ-ਸਮੇਂ 'ਤੇ ਸਮੀਖਿਆ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਬਿਹਤਰ ਸੜਕੀ ਸੰਪਰਕ ਨਾਲ ਆਰਥਿਕ ਅਤੇ ਖੇਤਰੀ ਵਿਕਾਸ ਵਿੱਚ ਤੇਜ਼ੀ ਆਵੇਗੀ ਅਤੇ ਸੁਰੱਖਿਅਤ ਅਤੇ ਨਿਰਵਿਘਨ ਯਾਤਰਾ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਸੜਕ ਨਿਰਮਾਣ ਕਾਰਜਾਂ ਨੂੰ ਪੂਰਾ ਕਰਨ ਵਿੱਚ ਕੁਤਾਹੀ ਵਰਤਣ ਵਾਲੇ ਅਧਿਕਾਰੀ ਜਾਂ ਠੇਕੇਦਾਰ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮੰਤਰੀ ਨੇ ਕਿਹਾ ਕਿ ਉਹ ਸੂਬੇ ਭਰ ਵਿੱਚ ਵੱਖ-ਵੱਖ ਥਾਵਾਂ 'ਤੇ ਸੜਕੀ ਨਿਰਮਾਣ ਕਾਰਜਾਂ ਦਾ ਨਿੱਜੀ ਤੌਰ 'ਤੇ ਨਿਰੀਖਣ ਕਰਨਗੇ ।ਵਿੱਤੀ ਪ੍ਰਕਿਰਿਆਵਾਂ ਨੂੰ ਸੁਚਾਰੂ ਬਣਾਉਣ

ਅਤੇ ਬਿਲ੍ਹਾਂ ਦੇ ਜਲਦ ਨਿਪਟਾਰੇ ਲਈ ਉਨ੍ਹਾਂ ਨੇ ਸਾਰੇ ਠੇਕੇਦਾਰਾਂ ਦੇ ਬਿੱਲ ਨੂੰ ਸਮੇਂ ਸਿਰ ਜਮ੍ਹਾਂ ਕਰਵਾਏ ਜਾਣ ਦੇ ਨਿਰਦੇਸ਼ ਦਿੱਤੇ।

--------------------------------------------------------------------------

ਪੰਜਾਬ ਸਰਕਾਰ ਨੇ ਸੂਬੇ ਵਿਚ 8ਵੀਂ, 10ਵੀਂ ਅਤੇ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਦੇ ਮੱਦੇਨਜ਼ਰ ਨਿਰਪੱਖਤਾ, ਅਨੁਸ਼ਾਸਨ ਅਤੇ ਨਕਲ ਪ੍ਰਤੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਨੂੰ ਯਕੀਨੀ ਬਣਾਉਂਦਿਆਂ ਸੁਰੱਖਿਆ ਅਤੇ ਨਿਗਰਾਨੀ ਲਈ ਵਿਆਪਕ ਪ੍ਰਬੰਧ ਕੀਤੇ ਨੇ । ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪੇਪਰ ਲੀਕ ਦੇ ਜੋਖਮਾਂ ਨੂੰ ਖਤਮ ਕਰਨ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਇੱਕ ਮਜ਼ਬੂਤ, ਤਕਨਾਲੋਜੀ-ਅਧਾਰਤ ਪ੍ਰਣਾਲੀ ਨੂੰ ਲਾਗੂ ਕੀਤਾ ਗਿਆ ਏ ਜਿਸ ਤਹਿਤ 384 ਉੱਡਣ ਦਸਤਿਆਂ ਸਮੇਤ ਵਿਸ਼ੇਸ਼ ਟੀਮਾਂ ਤਾਇਨਾਤ ਕੀਤੀਆਂ ਗਈਆਂ ਅਤੇ ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਦਾਇਰੇ ਅੰਦਰ ਧਾਰਾ 144 ਲਾਗੂ ਕੀਤੀ ਗਈ ਏ। 6 ਹਜ਼ਾਰ 792 ਪ੍ਰੀਖਿਆ ਕੇਂਦਰ ਸਥਾਪਤ ਕਰਕੇ ਅਤੇ 5 ਹਜ਼ਾਰ 600 ਤੋਂ ਵੱਧ ਅਧਿਕਾਰੀਆਂ ਨੂੰ ਤਾਇਨਾਤ ਕੀਤਾ ਗਿਆ । ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰੀਖਿਆਵਾਂ ਲਈ ਸ਼ੁਭਕਾਮਨਾਵਾਂ ਦਿੰਦਿਆਂ ਸਿਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਉਨ੍ਹਾਂ ਨੂੰ ਆਤਮਵਿਸ਼ਵਾਸ ਅਤੇ ਇਮਾਨਦਾਰੀ ਨਾਲ ਪ੍ਰੀਖਿਆ ਦੇਣ ਲਈ ਉਤਸ਼ਾਹਿਤ ਕੀਤਾ। ਸਿੱਖਿਆ ਮੰਤਰੀ ਨੇ ਦੱਸਿਆ ਕਿ ਸੂਬੇ ਭਰ ਵਿੱਚ 8

ਲੱਖ 18 ਹਜ਼ਾਰ ਤੋਂ ਵੱਧ ਵਿਦਿਆਰਥੀ 8ਵੀਂ, 10ਵੀਂ ਅਤੇ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਦੇਣ ਜਾ ਰਹੇ ਨੇ ।

---------------------------------------------------------------------

ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਪੰਜਾਬ ਲਗਭਗ 1300 ਕਰੋੜ ਰੁਪਏ ਦੇ ਤਜਵੀਜ਼ਸ਼ੁਦਾ ਨਿਵੇਸ਼ ਨਾਲ ਬਾਗਬਾਨੀ ਖੇਤਰ ਵਿੱਚ ਵੱਡੀ ਸਕਾਰਾਤਮਕ ਤਬਦੀਲੀ ਲਿਆਉਣ ਲਈ ਪੂਰੀ ਤਰ੍ਹਾਂ ਤਿਆਰ ਏ । ਕੱਲ ਚੰਡੀਗੜ੍ਹ ਤੋਂ ਜਾਰੀ ਪ੍ਰੈਸ ਬਿਆਨ ਵਿੱਚ ਮੰਤਰੀ ਨੇ ਮਹਾਰਾਸ਼ਟਰ ਦੇ ਨਾਸਿਕ ਵਿੱਚ ਸਹਿਯਾਦਰੀ ਕਿਸਾਨ ਉਤਪਾਦਕ ਕੰਪਨੀ ਲਿਮਟਿਡ ਦੇ ਆਪਣੇ ਹਾਲੀਆ ਦੌਰੇ ਦੇ ਨਤੀਜੇ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਪੰਜਾਬ, ਮਹਾਰਾਸ਼ਟਰ ਬਾਗਬਾਨੀ ਮਾਡਲ ਦੇ ਸਫ਼ਲ ਅਭਿਆਸਾਂ ਨੂੰ ਅਪਣਾਏਗਾ ਤਾਂ ਜੋ ਸੂਬੇ ਦੇ ਕਿਸਾਨ ਸੰਗਠਿਤ ਖੇਤੀ, ਪ੍ਰੋਸੈਸਿੰਗ ਅਤੇ ਬਿਹਤਰ ਮਾਰਕੀਟ ਲਿੰਕੇਜ ਰਾਹੀਂ ਵੱਧ ਮੁਨਾਫ਼ਾ ਕਮਾ ਸਕਣ। ਉਨ੍ਹਾਂ ਦੱਸਿਆ ਕਿ ਸਿਖਲਾਈ ਅਤੇ ਸੰਸਥਾਗਤ ਸਹਾਇਤਾ ਰਾਹੀਂ ਪੰਜਾਬ ਵਿੱਚ ਕਿਸਾਨ ਉਤਪਾਦਕ ਸੰਗਠਨਾਂ ਨੂੰ ਮਜ਼ਬੂਤ ਕਰਨ ਲਈ ਸਹਿਯਾਦਰੀ ਨਾਲ ਸਮਝੌਤਾ ’ਤੇ ਵੀ ਹਸਤਾਖਰ ਕੀਤੇ ਗਏ ਨੇ । ਮੰਤਰੀ ਨੇ ਕਿਹਾ ਕਿ ਵਫ਼ਦ ਨੇ ਆਧੁਨਿਕ ਪੈਕਹਾਊਸਾਂ, ਪ੍ਰੋਸੈਸਿੰਗ ਯੂਨਿਟਾਂ, ਖੋਜ ਫਾਰਮਾਂ ਅਤੇ ਸਿਖਲਾਈ ਕੇਂਦਰਾਂ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਕਿਸਾਨਾਂ ਅਤੇ ਮਾਹਰਾਂ ਨਾਲ ਸਿੱਧੇ ਤੌਰ ’ਤੇ ਗੱਲਬਾਤ ਕੀਤੀ।

-----------------------------------------------------------------

ਗੁਰਦਾਸਪੁਰ ਮੁਕੇਰੀਆ ਸੜਕ 'ਤੇ ਪਿੰਡ ਚਾਵਾ ਨੇੜੇ ਬੀਤੀ ਰਾਤ ਦੋ ਟਰਾਲਿਆਂ ਦੀ ਆਪਸ ਵਿੱਚ ਟੱਕਰ ਹੋਣ ਕਾਰਨ ਇੱਕ ਡਰਾਈਵਰ ਦੀ ਮੌਕੇ ਤੇ ਹੀ ਮੌਤ ਹੋ ਗਈ ਜਦ ਕਿ ਦੂਸਰੇ ਟਰਾਲੇ ਦਾ ਡਰਾਈਵਰ ਵੀ ਗੰਭੀਰ ਜ਼ਖਮੀ ਹੋ ਗਿਆ । ਗੁਰਦਾਸਪੁਰ ਤੋਂ ਸਾਡੇ ਪੱਤਰਕਾਰ ਨੇ ਦਸਿਆ ਕਿ ਮਿੱਟੀ ਨਾਲ ਭਰਿਆ ਇਕ ਟਰਾਲਾ ਗੁਰਦਾਸਪੁਰ ਤੋਂ ਮੁਕੇਰੀਆ ਵੱਲ ਜਦਕਿ ਸੀਮੇਂਟ ਨਾਲ ਭਰਿਆ ਇੱਕ ਹੋਰ ਟਰਾਲਾ, ਮੁਕੇਰੀਆਂ ਤੋਂ ਪਠਾਨਕੋਟ ਜਾ ਰਿਹਾ ਸੀ । ਪਿੰਡ ਚਾਵਾ ਨੇੜੇ ਇਨਾ ਦੋਨਾਂ ਟਰਾਲਿਆਂ ਦੀ ਟੱਕਰ ਹੋ ਗਈ । ਪੁਲਿਸ ਮੌਕੇ 'ਤੇ ਪਹੁੰਚ ਕੇ ਅਗਲੀ ਕਾਰਵਾਈ ਕਰ ਰਹੀ ਏ ।

-----------------------------------------------------------------

ਫਿਰੋਜ਼ਪੁਰ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਖਿਲਾਫ ਕਾਰਵਾਈ ਕਰਦਿਆਂ ਇੱਕ ਹਫ਼ਤੇ ਤੱਕ ਚੱਲੇ ਖੁਫੀਆ ਜਾਣਕਾਰੀ ਅਤੇ ਤਕਨੀਕੀ ਆਪ੍ਰੇਸ਼ਨ ਤੋਂ ਬਾਅਦ ਇੱਕ ਮੁਲਜ਼ਮ ਨੂੰ 6 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ । ਇਸ ਸੰਬਧੀ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ ।

-----------------------------------------------------------------

ICC-ਟਵੈਂਟੀ-ਟਵੈਂਟੀ ਕ੍ਰਿਕਟ ਵਿਸ਼ਵ ਕੱਪ ਵਿੱਚ, ਭਾਰਤ ਨੇ ਬੀਤੀ ਰਾਤ

ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਆਖਰੀ ਗਰੁੱਪ-A ਮੈਚ ਵਿੱਚ ਨੀਦਰਲੈਂਡਜ਼ ਨੂੰ 17 ਦੌੜਾਂ ਨਾਲ ਹਰਾਇਆ। ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਭਾਰਤ ਨੇ ਆਪਣੇ ਨਿਰਧਾਰਤ 20 ਓਵਰਾਂ ਵਿੱਚ 193 ਦੌੜਾਂ ਬਣਾਈਆਂ। ਸ਼ਿਵਮ ਦੂਬੇ ਨੇ 31 ਗੇਂਦਾਂ ਵਿੱਚ ਸਭ ਤੋਂ ਵੱਧ 66 ਦੌੜਾਂ ਬਣਾਈਆਂ। 194 ਦੌੜਾਂ ਦੇ ਟੀਚੇ ਦਾ ਪਪਿਛ ਕਰਦਿਆਂ, ਨੀਦਰਲੈਂਡਜ਼ 20 ਓਵਰਾਂ ਵਿੱਚ 7 ਵਿਕਟਾਂ 'ਤੇ ਸਿਰਫ਼ 176 ਦੌੜਾਂ ਹੀ ਬਣਾ ਸਕਿਆ। ਭਾਰਤ ਲਈ ਵਰੁਣ ਚੱਕਰਵਰਤੀ ਨੇ ਤਿੰਨ ਵਿਕਟਾਂ ਅਤੇ ਸ਼ਿਵਮ ਦੂਬੇ ਨੇ ਦੋ ਵਿਕਟਾਂ ਲਈਆਂ। ਆਲਰਾਉਂਡਰ ਸ਼ਿਵਮ ਦੂਬੇ ਨੂੰ 'ਮੈਨ ਆਫ ਦਿ ਮੈਚ' ਚੁਣਿਆ ਗਿਆ। ਭਾਰਤ ਦਾ ਅਗਲਾ ਸਾਹਮਣਾ ਐਤਵਾਰ ਨੂੰ ਅਹਿਮਦਾਬਾਦ ਵਿੱਚ, ਦੱਖਣੀ ਅਫਰੀਕਾ ਨਾਲ ਹੋਵੇਗਾ। ਇਹ ਸੁਪਰ-8 ਵਿੱਚ ਭਾਰਤ ਦਾ ਪਹਿਲਾ ਮੈਚ ਹੋਵੇਗਾ।